# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 26-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਦੇ ਹੰਸਲਪੁਰ ਤੋਂ ਮੇਡ ਇਨ ਇੰਡੀਆ ਬੈਟਰੀ ਇਲੈਕਟ੍ਰਿਕ ਵਾਹਨ (BEVs) 'E-Vitara' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਵਾਹਨ ਯੂਰਪ ਤੇ ਜਾਪਾਨ ਵਰਗੇ ਮੁੱਖ ਬਾਜ਼ਾਰਾਂ ਸਮੇਤ 100 ਤੋਂ ਵੱਧ ਦੇਸ਼ਾਂ ਵਿੱਚ ਨਿਰਯਾਤ ਕੀਤੇ ਜਾਣਗੇ। ਗੁਜਰਾਤ ਦੇ ਦੋ ਦਿਨਾਂ ਦੌਰੇ 'ਤੇ ਆਏ ਪ੍ਰਧਾਨ ਮੰਤਰੀ ਨੇ ਅਹਿਮਦਾਬਾਦ ਦੇ ਹੰਸਲਪੁਰ ਵਿਖੇ ਸੁਜ਼ੂਕੀ ਮੋਟਰ ਦੇ ਪਲਾਂਟ ਵਿੱਚ ਪ੍ਰਦਰਸ਼ਨੀ ਦਾ ਦੌਰਾ ਕੀਤਾ। ਪ੍ਧਾਨ ਮੰਤਰੀ ਨੇ ਹੰਸਲਪੁਰ ਸਥਿਤ TDS ਲਿਥੀਅਮ-ਆਇਨ ਬੈਟਰੀ ਪਲਾਂਟ ਵਿੱਚ ਹਾਈਬ੍ਰਿਡ ਬੈਟਰੀ ਇਲੈਕਟ੍ਰੋਡ ਦੇ ਸਥਾਨਕ ਉਤਪਾਦਨ ਦੀ ਸ਼ੁਰੂਆਤ ਦੇ ਨਾਲ ਭਾਰਤ ਦੇ ਬੈਟਰੀ ਈਕੋਸਿਸਟਮ ਦੇ ਅਗਲੇ ਪੜਾਅ ਦੀ ਸ਼ੁਰੂਆਤ ਵੀ ਕੀਤੀ । ਇਹ ਪਲਾਂਟ, ਤੋਸ਼ੀਬਾ, ਡੇਨਸੋ ਅਤੇ ਸੁਜ਼ੂਕੀ ਦਾ ਇਕ ਸਾਂਝਾ ਉੱਦਮ ਏ , ਜੋ

ਘਰੇਲੂ ਨਿਰਮਾਣ ਅਤੇ ਸਾਫ਼ ਊਰਜਾ ਨਵੀਨਤਾ ਨੂੰ ਹੁਲਾਰਾ ਦੇਵੇਗਾ । ਇਕ ਸੋਸ਼ਲ ਮੀਡੀਆ ਪੋਸਟ ਵਿਚ ਪ੍ਰਧਾਨ ਮੰਤਰੀ ਨੇ  ਕਿਹਾ ਕਿ ਅੱਜ ਭਾਰਤ ਦੀ ਸਵੈ-ਨਿਰਭਰਤਾ ਦੀ ਖੋਜ ਤੇ ਹਰੀ ਗਤੀਸ਼ੀਲਤਾ ਦੇ ਕੇਂਦਰ ਵਜੋਂ ਇਸ ਦੇ ਉਭਾਰ ਵਿਚ ਇਕ ਖਾਸ ਦਿਨ ਏ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਭਾਰਤ ਦੇ ਬੈਟਰੀ ਈਕੋਸਿਸਟਮ ਨੂੰ ਵੱਡਾ ਹੁਲਾਰਾ ਦੇਵੇਗੀ ।

---

ਪਿਛਲੇ ਕੁਝ ਦਿਨਾਂ ਤੋਂ ਪੰਜਾਬ ਦੇ ਕਈ ਹਿੱਸਿਆਂ ਵਿਚ ਲਗਾਤਾਰ ਹੋ ਰਹੀ ਬਾਰਿਸ਼ ਤੇ ਹਿਮਾਚਲ ਪ੍ਰਦੇਸ਼ ਤੋਂ ਪੰਜਾਬ ਦੀਆਂ ਨਦੀਆਂ ਵਿਚ ਮੀਂਹ ਦੇ ਪਾਣੀ ਦੇ ਵਹਾਅ ਨੇ ਸਰਹੱਦੀ ਰਾਜ ਨੂੰ ਚੌਕਸ ਕਰ ਦਿੱਤਾ ਏ । ਬਿਆਸ, ਰਾਵੀ ਤੇ ਸਤਲੁਜ ਸਮੇਤ ਨਦੀਆਂ ਦੇ ਉਛਾਲ ਨੇ ਫਾਜ਼ਿਲਕਾ, ਫਿਰੋਜ਼ਪੁਰ, ਕਪੂਰਥਲਾ, ਹੁਸ਼ਿਆਰਪੁਰ, ਗੁਰਦਾਸਪੁਰ ਤੇ ਪਠਾਨਕੋਟ ਦੇ ਕਈ ਹਿੱਸਿਆਂ ਵਿੱਚ ਪਾਣੀ ਭਰ ਦਿੱਤਾ ਏ , ਜਿਸ ਨਾਲ ਆਮ ਜਨਜੀਵਨ ਠੱਪ ਹੋ ਗਿਆ ਏ ਤੇ ਖੜ੍ਹੀਆਂ ਫਸਲਾਂ ਜ਼ਮੀਨ ਤੇ ਵਿਛ ਗਈਆਂ ਨੇ । ਬਾਰਿਸ਼ ਕਾਰਨ  ਸੱਤ ਜ਼ਿਲ੍ਹਿਆਂ ਵਿੱਚ ਅੱਜ ਸਕੂਲ ਬੰਦ ਕਰ ਦਿੱਤੇ ਗਏ

ਨੇ । ਫਾਜ਼ਿਲਕਾ ਜ਼ਿਲ੍ਹਾ ਪ੍ਰਸ਼ਾਸਨ ਨੇ ਜਨਤਕ ਸੰਬੋਧਨ ਪ੍ਰਣਾਲੀ ਦੀ ਵਰਤੋਂ ਕਰਕੇ ਔਰਤਾਂ, ਬੱਚਿਆਂ ਤੇ ਬਜ਼ੁਰਗਾਂ ਨੂੰ ਸਰਹੱਦੀ ਪਿੰਡਾਂ  ਨੇੜੇ ਸਥਾਪਤ ਪੰਜ ਰਾਹਤ ਕੈਂਪਾਂ ਵਿੱਚ ਜਾਣ ਲਈ ਸਲਾਹ ਜਾਰੀ ਕੀਤੀ। ਪਠਾਨਕੋਟ ਵਿੱਚ ਵੀ ਸਥਿਤੀ ਚਿੰਤਾਜਨਕ ਏ । ਜ਼ਿਲ੍ਹਾ ਪੁਲਿਸ ਮੁਖੀ ਦਲਜਿੰਦਰ ਸਿੰਘ ਨੇ ਕਿਹਾ ਏ  ਕਿ ਕੁਝ ਪਿੰਡ ਬੁਰੀ ਤਰ੍ਹਾਂ ਪ੍ਰਭਾਵਿਤ ਨੇ ਤੇ ਫੌਜ ਤੇ ਐਨ.ਡੀ.ਆਰ.ਐਫ. ਟੀਮਾਂ ਦੀ ਮਦਦ ਨਾਲ ਪਿੰਡ ਵਾਸੀਆਂ ਨੂੰ ਹੇਲੀਕਾਪਟਰ ਰਾਹੀਂ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦੇ ਪ੍ਰਬੰਧ ਕੀਤੇ ਜਾ ਰਹੇ ਨੇ ।

**BYTE**

ਕਪੂਰਥਲਾ ਦੇ ਸੁਲਤਾਨਪੁਰ ਲੋਧੀ ਵਿਚ ਬਿਆਸ ਦਰਿਆ ਦੇ ਤੇਜ਼ ਵਹਾਅ ਕਾਰਨ 20 ਤੋਂ ਵੱਧ ਪਿੰਡ ਪ੍ਰਭਾਵਿਤ ਹੋਏ ਨੇ । ਬਿਆਸ ਦਰਿਆ ਦੇ ਹੜ੍ਹਾਂ ਦੇ ਪਾਣੀ ਨੇ ਹੁਸ਼ਿਆਰਪੁਰ ਦੇ ਮੁਕੇਰੀਆਂ ਸਬ-ਡਿਵੀਜ਼ਨ ਦੇ ਕਈ ਪਿੰਡਾਂ ਵਿੱਚ ਨੁਕਸਾਨ ਪਹੁੰਚਾਇਆ ਏ । ਮੌਸਮ ਵਿਭਾਗ ਨੇ ਅੱਜ ਰਾਜ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਮੀਂਹ ਪੈਣ ਦੇ ਨਾਲ ਸੰਤਰੀ ਅਲਰਟ ਜਾਰੀ ਕੀਤਾ ਏ ।

----------------------------------------------------------------------

ਵਿਧਾਨ ਸਭਾ ਹਲਕਾ ਪੱਟੀ ਦੇ ਦਰਿਆ ਸਤਲੁਜ ਨਾਲ ਲਗਦੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਿਲਾਂ ਦੀ ਸਾਰ ਲੈਣ ਲਈ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਤੇ ਲਾਲਜੀਤ ਸਿੰਘ ਭੁੱਲਰ ਨੇ ਹਰੀਕੇ ਹੈੱਡਵਰਕਸ ਤੋਂ ਮੁੱਠਿਆਵਾਲਾ ਤੱਕ ਧੁੱਸੀ ਬੰਨ੍ਹ ਦਾ ਦੌਰਾ ਕੀਤਾ। ਇਸ ਦੌਰਾਨ ਉਨਾਂ ਘੜੁੰਮ, ਬਸਤੀ ਲਾਲ ਸਿੰਘ, ਕੁੱਤੀਵਾਲਾ, ਸਭਰਾ, ਰਾਦਲਕੇ ਤੇ ਮੁੱਠਿਆਵਾਲਾ ਆਦਿ ਪਿੰਡਾਂ ਦੇ ਦਰਿਆਈ ਪਾਣੀ ਦੀ ਮਾਰ ਝੱਲ ਰਹੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮੱਦਦ ਦਾ ਭਰੋਸਾ ਦਿੱਤਾ।

----------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸੂਬਾ ਸਰਕਾਰ ਨੇ ਸੂਬੇ ਦੀ ਭਲਾਈ ਤੇ ਲੋਕਾਂ ਦੀ ਖੁਸ਼ਹਾਲੀ ਲਈ ਸਿੱਖਿਆ, ਸਿਹਤ, ਬੁਨਿਆਦੀ ਢਾਂਚਾ, ਬਿਜਲੀ ਤੇ ਹੋਰ ਮਹੱਤਵਪੂਰਨ ਖੇਤਰਾਂ ਵਿਚ ਇਤਿਹਾਸਕ ਪਹਿਲਕਦਮੀਆਂ ਕੀਤੀਆਂ ਨੇ। ਚੇਨਈ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ

ਉਨ੍ਹਾਂ ਮੁੱਖ ਖੇਤਰਾਂ ਨੂੰ ਲਗਾਤਾਰ ਪਹਿਲ ਦਿੱਤੀ ਏ, ਜੋ ਜਨਤਾ ਲਈ ਬਹੁਤ ਮਹੱਤਵਪੂਰਨ ਨੇ। ਉਨ੍ਹਾਂ ਤਾਮਿਲਨਾਡੂ ਦੇ ਮੁੱਖ ਮੰਤਰੀ ਐਮ.ਕੇ. ਸਟਾਲਿਨ ਵਲੋਂ ਲੋਕਾਂ ਦੀ ਭਲਾਈ ਲਈ ਕਈ ਮਹੱਤਵਪੂਰਨ ਪਹਿਲਕਦਮੀਆਂ ਸ਼ੁਰੂ ਕਰਨ ਲਈ ਸ਼ਲਾਘਾ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਮਾਣ ਤੇ ਸੰਤੁਸ਼ਟੀ ਦੀ ਗੱਲ ਏ ਕਿ ਉਨ੍ਹਾਂ ਨੂੰ ਤਾਮਿਲਨਾਡੂ ਸਰਕਾਰ ਵੱਲੋਂ ਮੁੱਖ ਮੰਤਰੀ ਨਾਸ਼ਤਾ ਯੋਜਨਾ ਦੇ ਵਿਸਥਾਰ ਲਈ ਮੁੱਖ ਮਹਿਮਾਨ ਵਜੋਂ ਸੱਦਾ ਦਿੱਤਾ ਗਿਆ ਏ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਜਨਤਕ ਭਲਾਈ ਲਈ ਦੇਸ਼ ਭਰ ਵਿੱਚ ਲਾਗੂ ਕੀਤੀਆਂ ਜਾ ਰਹੀਆਂ ਪ੍ਰਭਾਵਸ਼ਾਲੀ ਪਹਿਲਕਦਮੀਆਂ ਤੋਂ ਸਿੱਖਣ ਤੇ ਦੁਹਰਾਉਣ ਲਈ ਉਤਸੁਕ ਰਹਿੰਦੀ ਏ।

---------------------------------------------------------

ਪੰਜਾਬ ਰਾਜ ਸੂਚਨਾ ਕਮਿਸ਼ਨ ਨੇ ਖਰੜ ਦੇ ਲੋਕ ਸੂਚਨਾ ਅਧਿਕਾਰੀ ਤੇ ਤਹਿਸੀਲਦਾਰ ਵਿਰੁੱਧ ਜ਼ਮਾਨਤੀ ਵਾਰੰਟ ਜਾਰੀ ਕੀਤਾ ਏ। ਇਸ ਸਬੰਧੀ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਖਰੜ ਵਾਸੀ ਭਗਤ ਸਿੰਘ ਵਲੋਂ ਦਾਇਰ ਅਪੀਲ ਦੀ ਸੁਣਵਾਈ ਦੌਰਾਨ ਰਾਜ ਸੂਚਨਾ ਕਮਿਸ਼ਨਰ

ਹਰਪ੍ਰੀਤ ਸਿੰਘ ਸੰਧੂ ਵਲੋਂ ਤਹਿਸੀਲਦਾਰ ਗੁਰਵਿੰਦਰ ਕੌਰ ਦੀ ਪੇਸ਼ੀ ਸਬੰਧੀ ਜਾਰੀ ਹੁਕਮਾਂ ਦੀ ਵਾਰ-ਵਾਰ ਹਦਾਇਤਾਂ ਦੇ ਬਾਵਜੂਦ ਪਾਲਣਾ ਨਹੀਂ ਕੀਤੀ ਗਈ। ਇਸ ਦੇ ਮੱਦੇਨਜ਼ਰ ਰਾਜ ਸੂਚਨਾ ਕਮਿਸ਼ਨਰ ਨੇ ਮੋਹਾਲੀ ਦੇ ssp ਹਰਮਨਦੀਪ ਸਿੰਘ ਹੰਸ ਨੂੰ ਗੁਰਵਿੰਦਰ ਕੌਰ ਵਿਰੁੱਧ ਜ਼ਮਾਨਤੀ ਵਾਰੰਟ ਜਾਰੀ ਕਰਨ ਤੇ 23 ਸਤੰਬਰ ਨੂੰ ਪੰਜਾਬ ਰਾਜ ਸੂਚਨਾ ਕਮਿਸ਼ਨ ਚੰਡੀਗੜ੍ਹ ਸਾਹਮਣੇ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਨੇ।